# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-07-2024**

ਵਣਜ ਅਤੇ ਉਦਯੋਗ ਬਾਰੇ ਪੀ ਐਚ ਡੀ ਚੈਂਬਰ ਵਲੋਂ ਲੁਧਿਆਣਾ ਵਿਖੇ ਕਲ ਖੇਤਰੀ ਫੂਡ ਪ੍ਰੋਸੈਸਿੰਗ ਮਿਲਣੀ ਕਰਵਾਈ ਗਈ । ਕੇਂਦਰੀ ਫੂਡ ਪ੍ਰੋਸੈਸਿੰਗ ਤੇ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਬਤੌਰ ਮੁਖ ਮਹਿਮਾਨ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੁਨੀਆਂ ਵਿੱਚ ਪ੍ਰੋਸੈਸਡ ਫੂਡ ਦੀ ਮੰਗ ਲਗਾਤਾਰ ਵੱਧ ਰਹੀ ਏ, ਇਸ ਲਈ ਭਾਰਤ ਸਰਕਾਰ ਇਸ ਖੇਤਰ ਵਲ ਵਿਸ਼ੇਸ਼ ਤਵੱਜੋ ਦੇ ਕੇ ਕਈ ਰਿਆਇਤਾਂ ਦੇ ਰਹੀ ਏ । ਉਨਾਂ ਕਿਹਾ ਕਿ ਸਨਅਤਕਾਰਾਂ ਨੂੰ ਚਾਹੀਦਾ ਏ ਕਿ ਉਹ ਫੂਡ ਪ੍ਰੋਸੈਸਿੰਗ ਦੇ ਖੇਤਰ ਵਿਚ ਪੂੰਜੀ ਨਿਵੇਸ਼ ਕਰਨ ਅਤੇ ਕੇਂਦਰ ਸਰਕਾਰ ਉਨ੍ਹਾਂ ਨੂੰ ਹਰ ਸੰਭਵ ਮਦਦ ਕਰੇਗੀ । ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਫੂਡ ਪ੍ਰੋਸੈਸਿੰਗ ਸਨਅਤਾਂ ਦੀ ਸਥਾਪਨਾ ਨਾਲ ਉੱਦਮੀਆਂ ਨੂੰ ਫਾਇਦਾ ਹੋਵੇਗਾ ਤੇ ਕਿਸਾਨਾਂ ਦੀਆਂ ਵੀ ਕਈ ਸਮੱਸਿਆਵਾਂ ਹੱਲ ਹੋਣਗੀਆਂ । ਉਨਾਂ

ਖਾਸਤੌਰ ਤੇ ਨੌਜਵਾਨਾਂ ਨੂੰ ਫੂਡ ਪ੍ਰੋਸੈਸਿੰਗ ਦੇ ਖੇਤਰ ਵਿੱਚ ਆਪਣਾ ਕੈਰੀਅਰ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਖੇਤਰ ਵਿੱਚ ਰੁਜ਼ਗਾਰ ਤੇ ਸਵੈ-ਰੁਜ਼ਗਾਰ ਦੀਆਂ ਅਪਾਰ ਸੰਭਾਵਨਾਵਾਂ ਨੇ। ਰਵਨੀਤ ਸਿੰਘ ਬਿੱਟੂ ਨੇ ਸੂਬੇ ਦੇ ਉੱਦਮੀਆਂ ਨੂੰ ਵਰਲਡ ਫੂਡ ਇੰਡੀਆ- 2024 ਵਿਚ ਭਾਗ ਲੈਣ ਦੀ ਅਪੀਲ ਕੀਤੀ ਤੇ ਕਿਹਾ ਕਿ ਸੂਬੇ ਵਿੱਚ ਫੂਡ ਪ੍ਰੋਸੈਸਿੰਗ ਮੰਤਰਾਲੇ ਦੀਆਂ ਸਕੀਮਾਂ ਨੂੰ ਪਹਿਲ ਦੇ ਆਧਾਰ 'ਤੇ ਲਾਗੂ ਕੀਤਾ ਜਾਵੇਗਾ । ਇਸ ਤੋਂ ਪਹਿਲਾਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਸਨਅਤਕਾਰਾਂ ਦਾ ਸਵਾਗਤ ਕਰਦਿਆਂ ਪੀ ਐਚ ਡੀ ਸੀ ਸੀ ਆਈ ਪੰਜਾਬ ਚੈਪਟਰ ਦੇ ਚੇਅਰਮੈਨ ਆਰ ਐੱਸ ਸਚਦੇਵਾ ਨੇ ਜਲੰਧਰ ਤੇ ਅੰਮ੍ਰਿਤਸਰ ਹਵਾਈ ਅੱਡਿਆਂ ਨੇੜੇ ਫੂਡ ਟੈਸਟਿੰਗ ਲੈਬ ਖੋਲ੍ਹਣ ਦੀ ਮੰਗ ਕਰਦਿਆਂ ਕਿਹਾ ਕਿ ਇਸ ਨਾਲ ਬਰਾਮਦ ਨੂੰ ਹੁਲਾਰਾ ਮਿਲੇਗਾ।

--------------------------------------------------

ਭਾਰਤ ਵਿੱਚ ਸਾਉਣੀ ਦੀ ਫ਼ਸਲ ਦੀ ਬਿਜਾਈ 575 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਕੀਤੀ ਗਈ ਏ। ਖੇਤੀਬਾੜੀ ਮੰਤਰਾਲੇ ਨੇ ਕਿਹਾ ਏ ਕਿ ਪਿਛਲੇ ਸਾਲ ਇਸ ਸਮੇਂ ਦੌਰਾਨ ਕੋਈ 50 ਲੱਖ ਹੈਕਟੇਅਰ ਦੇ ਮੁਕਾਬਲੇ

62 ਲੱਖ ਹੈਕਟੇਅਰ ਤੋਂ ਵੱਧ ਵਿੱਚ ਦਾਲਾਂ ਦੀ ਕਾਸ਼ਤ ਕੀਤੀ ਗਈ ਏ । ਤੇਲ ਬੀਜਾਂ ਦੀ ਕਾਸ਼ਤ 140 ਲੱਖ ਹੈਕਟੇਅਰ ਰਕਬੇ ਵਿੱਚ ਕੀਤੀ ਗਈ, ਜਿਹੜੀ ਪਿਛਲੇ ਸਾਲ ਇਸੇ ਸਮੇਂ ਦੌਰਾਨ 115 ਲੱਖ ਹੈਕਟੇਅਰ ਤੋਂ ਵੱਧ ਏ । ਝੋਨੇ ਦੀ ਬਿਜਾਈ ਹੇਠਲਾ ਰਕਬਾ ਵੱਧ ਕੇ 115 ਲੱਖ ਹੈਕਟੇਅਰ ਹੋ ਗਿਆ ਏ ਜਿਹੜਾ ਪਿਛਲੇ ਸਾਲ 95 ਲੱਖ ਹੈਕਟੇਅਰ ਤੋਂ ਵੱਧ ਸੀ ।

-----------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ । ਫਾਜ਼ਿਲਕਾ ਤੋਂ ਨੀਟ ਵਿਦਿਆਰਥਣ ਵਾਨਿਆ ਨੇ ਇਸ ਮਾਮਲੇ ਵਿਚ ਹੁਣ ਤਕ ਹੋਈ ਕਾਰਵਾਈ ਲਈ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ।

-----------------------------------------------------------

ਪੰਜਾਬ ਸਰਕਾਰ ਨੇ ਮਾਨਸੂਨ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਸਾਰੇ 23 ਜ਼ਿਲ੍ਹਿਆਂ ਵਿੱਚ ਕੰਟਰੋਲ ਰੂਮ ਸਥਾਪਤ ਕਰ ਦਿੱਤੇ ਨੇ ਅਤੇ ਜ਼ਿਲ੍ਹਾ ਮਾਲ ਅਧਿਕਾਰੀਆਂ ਨੂੰ ਇਨ੍ਹਾਂ ਕੰਟਰੋਲ ਰੂਮਾਂ

ਦਾ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਏ । ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਸੰਭਾਵੀ ਹੜ੍ਹਾਂ ਦੀ ਸਥਿਤੀ ਤੇ ਕਾਬੂ ਪਾਉਣ ਲਈ ਸੂਬਾ ਸਰਕਾਰ ਨੇ ਹਰ ਤਰ੍ਹਾਂ ਦੇ ਪ੍ਰਬੰਧ ਮੁਕੰਮਲ ਕੀਤੇ ਨੇ । ਉਨ੍ਹਾਂ ਦੱਸਿਆ ਕਿ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਬਰਸਾਤੀ ਨਾਲੇ, ਚੋਅ ਅਤੇ ਡਰੇਨਾਂ ਆਦਿ ਦੀ ਸਫ਼ਾਈ ਲਈ ਪਹਿਲਾਂ ਤੋਂ ਹੀ ਮਾਲੀ ਮਦਦ ਜਾਰੀ ਕੀਤੀ ਜਾ ਚੁੱਕੀ ਏ ਅਤੇ ਜ਼ਿਲ੍ਹਿਆਂ ਵੱਲੋਂ ਸਫ਼ਾਈ ਕਾਰਜ ਮੁਕੰਮਲ ਕਰ ਲਏ ਗਏ ਨੇ ਪਰ ਫਿਰ ਵੀ ਜੇਕਰ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਏ ਤਾਂ ਲੋਕਾਂ ਤੱਕ ਮਦਦ ਪਹੁੰਚਾਉਣ ਲਈ ਸਥਾਪਤ ਕੀਤੇ ਕੰਟਰੋਲ ਰੂਮਾਂ ਨਾਲ ਸੰਪਰਕ ਕੀਤਾ ਜਾ ਸਕਦਾ ਏ।

--------------------------------------------------------

ਕੇਂਦਰ ਸਰਕਾਰ ਵਲੋਂ ਲੰਬੀ ਚਰਚਾ ਮਗਰੋਂ ਤਿਆਰ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ । ਫਰੀਦਕੋਟ ਤੋਂ ਐਡਵੋਕੇਟ ਸੁਸ਼ੀਲ ਕੁਮਾਰ ਅਤੇ ਪਟਿਆਲਾ

ਤੋਂ ਵਿਦਿਆਰਥੀ ਮਹਿਕਦੀਪ ਸਿੰਘ, ਇੰਨਾ ਕਾਨੂੰਨਾਂ ਨੂੰ ਲੋਕਾਂ ਲਈ ਫਾਇਦੇਮੰਦ ਦੱਸਦੇ ਨੇ।

---------------------------------------------------------------

ਆਰ ਸੇਟੀ, ਸਿਖਲਾਈ ਸੰਸਥਾ ਬਠਿੰਡਾ ਵਿਖੇ ਕੱਲ ਵਿਸ਼ਵ ਨੌਜਵਾਨ ਹੁਨਰ ਦਿਹਾੜਾ ਮਨਾਇਆ ਗਿਆ । ਇਸ ਮੌਕੇ ਡੀ .ਪੀ.ਐੱਮ.ਯੂ ਦੇ ਮੈਨੇਜਰ ਸਕਿੱਲ ਡਿਵੈਲਪਮੈਂਟ ਬਲਵੰਤ ਸਿੰਘ ਨੇ ਸਿਖਲਾਈ ਪ੍ਰਾਪਤ ਕਰ ਰਹੇ ਸਿਖਿਆਰਥੀਆਂ ਨੂੰ ਹੁਨਰ ਦੀ ਮਹੱਤਤਾ ਬਾਰੇ ਦੱਸਿਆ । ਉਨਾਂ ਕਿਹਾ ਕਿ ਘੱਟ ਪੜ੍ਹੇ-ਲਿਖੇ ਮੁੰਡੇ ਕੁੜੀਆਂ ਵੀ ਹੁਨਰ ਪ੍ਰਾਪਤ ਕਰ ਕੇ ਆਤਮ ਨਿਰਭਰ ਹੀ ਨਹੀਂ ਸਗੋਂ ਸਵੈ-ਰੁਜਗਾਰ ਸ਼ੁਰੂ ਕਰ ਕਿ ਹੋਰਾਂ ਨੂੰ ਵੀ ਰੁਜਗਾਰ ਦੇਣ ਵਿਚ ਸਹਾਈ ਹੋ ਸਕਦੇ ਨੇ। ਉਨਾਂ ਸਿਖਿਆਰਥੀਆਂ ਨੂੰ ਹਮੇਸ਼ਾ ਆਪਣੇ ਹੁਨਰ ਦਾ ਵਿਕਾਸ ਕਰਦੇ ਰਹਿਣ ਲਈ ਅਤੇ ਹੋਰਨਾਂ ਜਰੂਰਤਮੰਦ ਤੇ ਹੁਨਰ ਤੇ ਅਧਾਰਿਤ ਤਰੱਕੀ ਦੇ ਇੱਛੁਕ ਵੱਧ ਪੜ੍ਹੇ ਲਿਖੇ ਵਰਗ ਨੂੰ ਵੀ ਹੁਨਰ ਨਾਲ ਜੁੜਨ ਦੀ ਅਪੀਲ ਕੀਤੀ । ਸਿਖਲਾਈ ਪ੍ਰਾਪਤ ਕਰ ਕੇ ਆਪਣਾ ਸਵੈ ਰੁਜਗਾਰ ਸ਼ੁਰੂ ਕਰ ਚੁੱਕੇ ਚਾਰ ਮੁੰਡੇ

ਕੁੜੀਆਂ ਨੂੰ ਆਰ ਸੇਟੀ ਦੇ ਡਾਇਰੈਕਟਰ ਰਾਜੀਵ ਸਹਿਗਲ ਨੇ ਸਨਮਾਨਿਤ ਕੀਤਾ।